

ਸ੍ਰੀ ਅਨੰਦਪੁਰ ਸਾਹਿਬ ਵਿਖੇ ਸ਼ਹਿਰੀ ਪੁਲਿਸ ਪਾਰਟੀ ਨਾਜਾਇਜ਼ ਸ਼ਰਾਬ ਸਮੇਤ ਕਾਬੂ ਕੀਤੇ ਕਥਿਤ ਦੋਸ਼ੀ ਨਾਲ।

# ਨਾਜਾਇਜ਼ ਸ਼ਰਾਬ ਸਮੇਤ ਇਕ ਕਾਬੂ

ਸ੍ਰੀ ਅਨੰਦਪੁਰ ਸਾਹਿਬ, 10 ਜਨਵਰੀ (ਜੇ. ਐਸ. ਨਿੱਕੂਵਾਲ)-ਸ੍ਰੀ ਅਨੰਦਪੁਰ ਸਾਹਿਬ ਦੀ ਪੁਲਸ ਵਲੋਂ 48 ਬੋਤਲਾਂ ਨਾਜਾਇਜ਼ ਸ਼ਰਾਬ ਸਮੇਤ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਇਸ ਸੰਬੰਧੀ ਚੌਕੀ ਇੰਚਾਰਜ ਗੁਰਮੁਖ ਸਿੰਘ ਨੇ ਦੱਸਿਆ ਕਿ ਪੁਲਿਸ ਪਾਰਟੀ ਏ. ਐਸ. ਆਈ. ਨਸੀਮ ਖ਼ਾਨ ਸਤਿੰਦਰਪਾਲ ਸਿੰਘ ਪੀ. ਐਚ. ਜੀ. ਮਲਕੀਤ ਸਿੰਘ ਤੇ ਪੀ. ਐਚ. ਜੀ. ਗੁਰਮੀਤ ਸਿੰਘ ਬੱਸ ਅੱਡਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਮੌਜੂਦ ਸਨ, ਜਿਥੇ ਉਨ੍ਹਾਂ ਨੂੰ ਗੁਪਤ ਸੂਚਨਾ ਦੇ ਆਧਾਰ 'ਤੇ ਬੱਸ ਅੱਡੇ ਲਾਗਿਓਂ ਝੁੱਗੀਆਂ ਕੋਲ ਪੁਲਿਸ ਪਾਰਟੀ ਨੇ ਛਾਪਾਮਾਰ ਕੇ ਯੂ. ਟੀ. ਚੰਡੀਗੜ੍ਹ 'ਚ ਵਿਕਰੀ ਲਈ 999 ਪਾਵਰ ਸਟਾਰ ਫਾਈਨ ਵਿਸਕੀ ਦੀਆਂ 48 ਬੋਤਲਾਂ ਬਰਾਮਦ ਕੀਤੀਆਂ ਗਈਆਂ। ਪੁਲਿਸ ਵਲੋਂ ਆਬਕਾਰੀ ਕਾਨੂੰਨ ਤਹਿਤ ਮਾਮਲਾ ਦਰਜ ਕਰਕੇ ਟਿੰਕੂ ਵਾਸੀ ਝੁੱਗੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

ਅਜੀਤ ®©
11-Jan-2022
Page: 5
http://epaper.ajitjalandhar.com/edition/20220111/10/5.cms